ਰਾਗੁ ਬਸੰਤੁ ਮਹਲਾ ੧ ਘਰੁ ੧ ਚਉਪਦੇ ਦੁਤੁਕੇ

# ੧ਓ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਮਾਹਾ ਮਾਹ ਮੁਮਾਰਖੀ ਚੜਿਆ ਸਦਾ ਬਸੰਤੁ ॥ ਪਰਫੜੁ ਚਿਤ ਸਮਾਲਿ ਸੋਇ ਸਦਾ ਸਦਾ ਗੋਬਿੰਦੁ ॥੧॥ ਭੋਲਿਆ ਹਉਮੈ ਸੁਰਤਿ ਵਿਸਾਰਿ ॥ ਹਉਮੈ ਮਾਰਿ ਬੀਚਾਰਿ ਮਨ ਗੁਣ ਵਿਚਿ ਗੁਣੁ ਲੈ ਸਾਰਿ ॥੧॥ ਰਹਾਉ ॥ ਕਰਮ ਪੇਡੁ ਸਾਖਾ ਹਰੀ ਧਰਮੁ ਫੁਲੁ ਫਲੁ ਗਿਆਨੁ ॥ ਪਤ ਪਰਾਪਤਿ ਛਾਵ ਘਣੀ ਚੂਕਾ ਮਨ ਅਭਿਮਾਨੁ ॥੨॥ ਅਖੀ ਕੁਦਰਤਿ ਕੰਨੀ ਬਾਣੀ ਮੁਖਿ ਆਖਣੁ ਸਚੁ ਨਾਮੁ ॥ ਪਤਿ ਕਾ ਧਨੁ ਪੂਰਾ ਹੋਆ ਲਾਗਾ ਸਹਜਿ ਧਿਆਨੁ ॥੩॥ ਮਾਹਾ ਰੁਤੀ ਆਵਣਾ ਵੇਖਹੁ ਕਰਮ ਕਮਾਇ ॥ ਨਾਨਕ ਹਰੇ ਨ ਸੂਕਹੀ ਜਿ ਗੁਰਮੁਖਿ ਰਹੇ ਸਮਾਇ ॥੪॥੧॥ ਮਹਲਾ ੧ ਬਸੰਤੁ ॥ ਰੁਤਿ ਆਈਲੇ ਸਰਸ ਬਸੰਤ ਮਾਹਿ ॥ ਰੰਗਿ ਰਾਤੇ ਰਵਹਿ ਸਿ ਤੇਰੈ ਚਾਇ ॥ ਕਿਸੁ ਪੂਜ ਚੜਾਵਉ ਲਗਉ ਪਾਇ ॥੧॥ ਤੇਰਾ ਦਾਸਨਿ ਦਾਸਾ ਕਹਉ ਰਾਇ ॥ ਜਗਜੀਵਨ ਜੁਗਤਿ ਨ ਮਿਲੈ ਕਾਇ ॥੧॥ ਰਹਾਉ ॥ ਤੇਰੀ ਮੂਰਤਿ ਏਕਾ ਬਹੁਤੁ ਰੂਪ ॥ ਕਿਸੁ ਪੂਜ ਚੜਾਵਉ ਦੇਉ ਧੂਪ ॥ ਤੇਰਾ ਅੰਤੁ ਨ ਪਾਇਆ ਕਹਾ ਪਾਇ ॥ ਤੇਰਾ ਦਾਸਨਿ ਦਾਸਾ ਕਹਉ ਰਾਇ ॥੨॥ ਤੇਰੇ ਸਠਿ ਸੰਬਤ ਸਭਿ ਤੀਰਥਾ ॥ ਤੇਰਾ ਸਚੁ ਨਾਮੁ ਪਰਮੇਸਰਾ ॥ ਤੇਰੀ ਗਤਿ ਅਵਿਗਤਿ ਨਹੀ ਜਾਣੀਐ ॥ ਅਣਜਾਣਤ ਨਾਮੁ ਵਖਾਣੀਐ ॥੩॥ ਨਾਨਕੁ ਵੇਚਾਰਾ ਕਿਆ ਕਹੈ ॥ ਸਭੁ ਲੋਕੁ ਸਲਾਹੇ ਏਕਸੈ ॥ ਸਿਰੁ ਨਾਨਕ ਲੋਕਾ ਪਾਵ ਹੈ ॥ ਬਲਿਹਾਰੀ ਜਾਉ ਜੇਤੇ ਤੇਰੇ ਨਾਵ ਹੈ ॥੪॥੨॥ ਬਸੰਤੁ ਮਹਲਾ ੧ ॥ ਸੁਇਨੇ ਕਾ ਚਉਕਾ ਕੰਚਨ ਕੁਆਰ ॥ ਰੁਪੇ ਕੀਆ ਕਾਰਾ ਬਹੁਤੁ ਬਿਸਥਾਰੁ ॥ ਗੰਗਾ ਕਾ ਉਦਕੁ ਕਰੰਤੇ ਕੀ ਆਗਿ ॥ ਗਰੁੜਾ ਖਾਣਾ ਦੁਧ ਸਿਉ ਗਾਡਿ ॥੧॥ ਰੇ ਮਨ

ਲੇਖੈ ਕਬਹੂ ਨ ਪਾਇ ॥ ਜਾਮਿ ਨ ਭੀਜੈ ਸਾਚ ਨਾਇ ॥੧॥ ਰਹਾਉ ॥ ਦਸ ਅਠ ਲੀਖੇ ਹੋਵਹਿ ਪਾਸਿ ॥ ਚਾਰੇ ਬੇਦ ਮੁਖਾਗਰ ਪਾਠਿ ॥ ਪੁਰਬੀ ਨਾਵੈ ਵਰਨਾਂ ਕੀ ਦਾਤਿ ॥ ਵਰਤ ਨੇਮ ਕਰੇ ਦਿਨ ਰਾਤਿ ॥੨॥ ਕਾਜੀ ਮੁਲਾਂ ਹੋਵਹਿ ਸੇਖ ॥ ਜੋਗੀ ਜੰਗਮ ਭਗਵੇ ਭੇਖ ॥ ਕੋ ਗਿਰਹੀ ਕਰਮਾ ਕੀ ਸੰਧਿ ॥ ਬਿਨੁ ਬੂਝੇ ਸਭ ਖੜੀਅਸਿ ਬੰਧਿ ॥੩॥ ਜੇਤੇ ਜੀਅ ਲਿਖੀ ਸਿਰਿ ਕਾਰ ॥ ਕਰਣੀ ਉਪਰਿ ਹੋਵਗਿ ਸਾਰ ॥ ਹੁਕਮੁ ਕਰਹਿ ਮੂਰਖ ਗਾਵਾਰ ॥ ਨਾਨਕ ਸਾਚੇ ਕੇ ਸਿਫਤਿ ਭੰਡਾਰ ॥੪॥੩॥ ਬਸੰਤੁ ਮਹਲਾ ੩ ਤੀਜਾ ॥ ਬਸਤ੍ਰ ਉਤਾਰਿ ਦਿਗੰਬਰੁ ਹੋਗੁ ॥ ਜਟਾਧਾਰਿ ਕਿਆ ਕਮਾਵੈ ਜੋਗੁ ॥ ਮਨੁ ਨਿਰਮਲੁ ਨਹੀ ਦਸਵੈ ਦੁਆਰ ॥ ਭ੍ਰਮਿ ਭ੍ਰਮਿ ਆਵੈ ਮੂੜ੍ਹਾ ਵਾਰੋ ਵਾਰ ॥੧॥ ਏਕੁ ਧਿਆਵਹੁ ਮੂੜ੍ ਮਨਾ ॥ ਪਾਰਿ ਉਤਰਿ ਜਾਹਿ ਇਕ ਖਿਨਾਂ ॥੧॥ ਰਹਾਉ ॥ ਸਿਮ੍ਰਿਤਿ ਸਾਸਤ੍ਰ ਕਰਹਿ ਵਖਿਆਣ ॥ ਨਾਦੀ ਬੇਦੀ ਪੜ੍ਹਹਿ ਪੁਰਾਣ ॥ ਪਾਖੰਡ ਦ੍ਰਿਸਟਿ ਮਨਿ ਕਪਟੁ ਕਮਾਹਿ ॥ ਤਿਨ ਕੈ ਰਮਈਆ ਨੇੜਿ ਨਾਹਿ ॥੨॥ ਜੇ ਕੋ ਐਸਾ ਸੰਜਮੀ ਹੋਇ ॥ ਕ੍ਰਿਆ ਵਿਸੇਖ ਪੂਜਾ ਕਰੇਇ ॥ ਅੰਤਰਿ ਲੋਭੁ ਮਨੁ ਬਿਖਿਆ ਮਾਹਿ ॥ ਓਇ ਨਿਰੰਜਨੁ ਕੈਸੇ ਪਾਹਿ ॥੩॥ ਕੀਤਾ ਹੋਆ ਕਰੇ ਕਿਆ ਹੋਇ ॥ ਜਿਸ ਨੋ ਆਪਿ ਚਲਾਏ ਸੋਇ ॥ ਨਦਰਿ ਕਰੇ ਤਾਂ ਭਰਮੁ ਚੁਕਾਏ ॥ ਹੁਕਮੈ ਬੂਝੈ ਤਾਂ ਸਾਚਾ ਪਾਏ ॥੪॥ ਜਿਸੁ ਜੀਉ ਅੰਤਰੁ ਮੈਲਾ ਹੋਇ ॥ ਤੀਰਥ ਭਵੈ ਦਿਸੰਤਰ ਲੋਇ ॥ ਨਾਨਕ ਮਿਲੀਐ ਸਤਿਗੁਰ ਸੰਗ ॥ ਤਉ ਭਵਜਲ ਕੇ ਤੂਟਸਿ ਬੰਧ ॥੫॥੪॥ ਬਸੰਤੁ ਮਹਲਾ ੧ ॥ ਸਗਲ ਭਵਨ ਤੇਰੀ ਮਾਇਆ ਮੋਹ ॥ ਮੈ ਅਵਰੁ ਨ ਦੀਸੈ ਸਰਬ ਤੋਹ ॥ ਤੂ ਸੁਰਿ ਨਾਥਾ ਦੇਵਾ ਦੇਵ ॥ ਹਰਿ ਨਾਮੁ ਮਿਲੈ ਗੁਰ ਚਰਨ ਸੇਵ ॥੧॥ ਮੇਰੇ ਸੁੰਦਰ ਗਹਿਰ ਗੰਭੀਰ ਲਾਲ ॥ ਗੁਰਮੁਖਿ ਰਾਮ ਨਾਮ ਗੁਨ ਗਾਏ ਤੂ ਅਪਰੰਪਰੁ ਸਰਬ ਪਾਲ ॥੧॥ ਰਹਾਉ ॥ ਬਿਨੁ ਸਾਧ ਨ ਪਾਈਐ ਹਰਿ ਕਾ ਸੰਗੁ ॥ ਬਿਨੁ ਗੁਰ ਮੈਲ ਮਲੀਨ ਅੰਗੁ ॥ ਬਿਨੁ ਹਰਿ ਨਾਮ ਨ ਸੁਧੁ ਹੋਇ ॥ ਗੁਰ ਸਬਦਿ ਸਲਾਹੇ ਸਾਚੁ ਸੋਇ ॥੨॥ ਜਾ ਕਉ ਤੂ ਰਾਖਹਿ ਰਖਨਹਾਰ ॥ ਸਤਿਗੁਰੂ ਮਿਲਾਵਹਿ ਕਰਹਿ ਸਾਰ ॥ ਬਿਖੁ ਹਉਮੈ ਮਮਤਾ ਪਰਹਰਾਇ ॥ ਸਭਿ ਦੂਖ ਬਿਨਾਸੇ ਰਾਮ ਰਾਇ ॥੩॥ ਊਤਮ ਗਤਿ ਮਿਤਿ ਹਰਿ ਗੁਨ ਸਰੀਰ ॥ ਗੁਰਮਤਿ ਪ੍ਰਗਟੇ ਰਾਮ ਨਾਮ ਹੀਰ ॥ ਲਿਵ ਲਾਗੀ ਨਾਮਿ ਤਜਿ ਦੂਜਾ ਭਾਉ ॥ ਜਨ ਨਾਨਕ ਹਰਿ ਗੁਰੁ ਗੁਰ ਮਿਲਾਉ ॥੪॥੫॥ ਬਸੰਤੁ ਮਹਲਾ ੧ ॥ ਮੇਰੀ ਸਖੀ ਸਹੇਲੀ ਸੁਨਹੁ ਭਾਇ ॥ ਮੇਰਾ ਪਿਰੁ ਰੀਸਾਲੂ ਸੰਗਿ ਸਾਇ ॥ ਓਹੁ ਅਲਖੁ ਨ ਲਖੀਐ ਕਹਹੁ ਕਾਇ ॥

ਗੁਰਿ ਸੰਗਿ ਦਿਖਾਇਓ ਰਾਮ ਰਾਇ ॥੧॥ ਮਿਲੁ ਸਖੀ ਸਹੇਲੀ ਹਰਿ ਗੁਨ ਬਨੇ ॥ ਹਰਿ ਪ੍ਰਭ ਸੰਗਿ ਖੇਲਹਿ ਵਰ ਕਾਮਨਿ ਗੁਰਮੁਖਿ ਖੋਜਤ ਮਨ ਮਨੇ ॥੧॥ ਰਹਾਉ ॥ ਮਨਮੁਖੀ ਦੁਹਾਗਣਿ ਨਾਹਿ ਭੇਉ ॥ ਓਹੁ ਘਟਿ ਘਟਿ ਰਾਵੈ ਸਰਬ ਪ੍ਰੇਉ ॥ ਗੁਰਮੁਖਿ ਥਿਰੁ ਚੀਨੈ ਸੰਗਿ ਦੇਉ ॥ ਗੁਰਿ ਨਾਮੁ ਦ੍ਰਿੜਾਇਆ ਜਪੁ ਜਪੇਉ ॥੨॥ ਬਿਨੁ ਗੁਰ ਭਗਤਿ ਨ ਭਾਉ ਹੋਇ ॥ ਬਿਨੁ ਗੁਰ ਸੰਤ ਨ ਸੰਗੁ ਦੇਇ ॥ ਬਿਨੁ ਗੁਰ ਅੰਧੁਲੇ ਧੰਧੁ ਰੋਇ ॥ ਮਨੁ ਗੁਰਮੁਖਿ ਨਿਰਮਲੁ ਮਲੁ ਸਬਦਿ ਖੋਇ ॥੩॥ ਗੁਰਿ ਮਨੁ ਮਾਰਿਓ ਕਰਿ ਸੰਜੋਗੁ ॥ ਅਹਿਨਿਸਿ ਰਾਵੇ ਭਗਤਿ ਜੋਗੁ ॥ ਗੁਰ ਸੰਤ ਸਭਾ ਦੁਖੁ ਮਿਟੈ ਰੋਗੁ ॥ ਜਨ ਨਾਨਕ ਹਰਿ ਵਰੁ ਸਹਜ ਜੋਗੁ ॥੪॥੬॥ ਬਸੰਤੁ ਮਹਲਾ ੧ ॥ ਆਪੇ ਕੁਦਰਤਿ ਕਰੇ ਸਾਜਿ ॥ ਸਚੁ ਆਪਿ ਨਿਬੇੜੇ ਰਾਜੁ ਰਾਜਿ ॥ ਗੁਰਮਤਿ ਊਤਮ ਸੰਗਿ ਸਾਥਿ ॥ ਹਰਿ ਨਾਮੁ ਰਸਾਇਣੁ ਸਹਜਿ ਆਥਿ ॥੧॥ ਮਤ ਬਿਸਰਸਿ ਰੇ ਮਨ ਰਾਮ ਬੋਲਿ ॥ ਅਪਰੰਪਰੁ ਅਗਮ ਅਗੋਚਰੁ ਗੁਰਮੁਖਿ ਹਰਿ ਆਪਿ ਤੁਲਾਏ ਅਤੁਲੁ ਤੋਲਿ ॥੧॥ ਰਹਾਉ ॥ ਗੁਰ ਚਰਨ ਸਰੇਵਹਿ ਗੁਰਸਿਖ ਤੋਰ ॥ ਗੁਰ ਸੇਵ ਤਰੇ ਤਜਿ ਮੇਰ ਤੋਰ ॥ ਨਰ ਨਿੰਦਕ ਲੋਭੀ ਮਨਿ ਕਠੋਰ ॥ ਗੁਰ ਸੇਵ ਨ ਭਾਈ ਸਿ ਚੋਰ ਚੋਰ ॥੨॥ ਗੁਰੁ ਤੁਠਾ ਬਖਸੇ ਭਗਤਿ ਭਾਉ ॥ ਗੁਰਿ ਤੁਠੈ ਪਾਈਐ ਹਰਿ ਮਹਲਿ ਠਾਉ ॥ ਪਰਹਰਿ ਨਿੰਦਾ ਹਰਿ ਭਗਤਿ ਜਾਗੁ ॥ ਹਰਿ ਭਗਤਿ ਸੁਹਾਵੀ ਕਰਮਿ ਭਾਗੁ ॥੩॥ ਗੁਰੁ ਮੇਲਿ ਮਿਲਾਵੈ ਕਰੇ ਦਾਤਿ ॥ ਗੁਰਸਿਖ ਪਿਆਰੇ ਦਿਨਸੁ ਰਾਤਿ ॥ ਫਲੁ ਨਾਮੁ ਪਰਾਪਤਿ ਗੁਰੁ ਤੁਸਿ ਦੇਇ ॥ ਕਹੁ ਨਾਨਕ ਪਾਵਹਿ ਵਿਰਲੇ ਕੇਇ ॥੪॥੭॥ ਬਸੰਤੁ ਮਹਲਾ ੩ ਇਕ ਤੁਕਾ ॥ ਸਾਹਿਬ ਭਾਵੈ ਸੇਵਕੁ ਸੇਵਾ ਕਰੈ ॥ ਜੀਵਤੁ ਮਰੈ ਸਭਿ ਕੁਲ ਉਧਰੈ ॥੧॥ ਤੇਰੀ ਭਗਤਿ ਨ ਛੋਡਉ ਕਿਆ ਕੋ ਹਸੈ ॥ ਸਾਚੁ ਨਾਮੁ ਮੇਰੈ ਹਿਰਦੈ ਵਸੈ ॥੧॥ ਰਹਾਉ ॥ ਜੈਸੇ ਮਾਇਆ ਮੋਹਿ ਪ੍ਰਾਣੀ ਗਲਤੁ ਰਹੈ ॥ ਤੈਸੇ ਸੰਤ ਜਨ ਰਾਮ ਨਾਮ ਰਵਤ ਰਹੈ ॥੨॥ ਮੈ ਮੂਰਖ ਮੁਗਧ ਊਪਰਿ ਕਰਹੁ ਦਇਆ ॥ ਤਉ ਸਰਣਾਗਤਿ ਰਹਉ ਪਇਆ ॥੩॥ ਕਹਤੁ ਨਾਨਕੁ ਸੰਸਾਰ ਕੇ ਨਿਹਫਲ ਕਾਮਾ ॥ ਗੁਰ ਪ੍ਰਸਾਦਿ ਕੋ ਪਾਵੈ ਅੰਮ੍ਰਿਤ ਨਾਮਾ ॥੪॥੮॥

ਮਹਲਾ ੧ ਬਸੰਤੁ ਹਿੰਡੋਲ ਘਰੁ ੨ ੴ ਸਤਿਗੁਰ ਪ੍ਰਸਾਦਿ ॥

ਸਾਲ ਗ੍ਰਾਮ ਬਿਪ ਪੂਜਿ ਮਨਾਵਹੁ ਸੁਕ੍ਰਿਤੁ ਤੁਲਸੀ ਮਾਲਾ ॥ ਰਾਮ ਨਾਮੁ ਜਪਿ ਬੇੜਾ ਬਾਂਧਹੁ ਦਇਆ ਕਰਹੁ